# ਆਕਾਸ਼ਵਾਣੀ ਜਲੰਧਰ

# ਰਾਸ਼ਟਰੀ ਖਬਰਾਂ ਪੰਜਾਬੀ

# 20:30

**ਮਿਤੀ : 27-09-2026**

***ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ***

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ "ਮਨ ਕੀ ਬਾਤ" ਪ੍ਰੋਗਰਾਮ ਵਿੱਚ, ਸਰਜੀਕਲ ਸਟ੍ਰਾਈਕ ਅਤੇ ਆਪ੍ਰੇਸ਼ਨ ਸਿੰਦੂਰ ਨੂੰ ਭਾਰਤ ਦੀ ਦਹਿਸ਼ਤਗਰਦੀ ਵਿਰੋਧੀ ਨੀਤੀ ਦੀ ਇੱਕ ਨਵੀਂ ਮਿਸਾਲ ਦੱਸਿਆ. ਕਿਹਾ ਕਿ ਅੱਗੇ ਵੀ ਦਹਿਸ਼ਤਗਰਦ ਹਮਲਿਆਂ ਦਾ ਜ਼ੋਰਦਾਰ ਜਵਾਬ ਦਿੱਤਾ ਜਾਵੇਗਾ।

- ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਕਿਹਾ ਏ ਕਿ ਭਾਰਤ ਕਿਸੇ ਹੋਰ ਦੇਸ਼ ਦੇ ਇਲਾਕੇ 'ਤੇ ਕਬਜ਼ਾ ਨਹੀਂ ਕਰਨਾ ਚਾਹੁੰਦਾ, ਪਰ ਕਿਸੇ ਖ਼ਤਰੇ ਦੀ ਸਥਿਤੀ ਵਿੱਚ ਆਪਣੀ ਸੁਰੱਖਿਆ ਅਤੇ ਰਣਨੀਤਕ ਖ਼ੁਦਮੁਖਤਿਆਰੀ ਦੀ ਰਾਖੀ ਕਰੇਗਾ।

- ਗ੍ਰਿਹ ਅਤੇ ਸਹਿਕਾਰਤਾ ਮੰਤਰੀ ਅਮਿਤ ਸ਼ਾਹ ਨੇ ਅੱਜ ਗੁਜਰਾਤ ਦੇ ਸਾਬਰਮਤੀ ਸਟੇਸ਼ਨ ਤੋਂ ਦੇਸ਼ ਦੀ ਪਹਿਲੀ LNG-ਸੰਚਾਲਿਤ ਰੇਲਗੱਡੀ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ।

- ਇਨਫੋਰਸਮੈਂਟ ਡਾਇਰੈਕਟੋਰੇਟ (ਈਡੀ) ਨੇ ਰੰਮੀ ਕਲਚਰ ਐਪ ਅਤੇ ਹੋਰਾਂ ਦੇ ਸੰਬੰਧ ਵਿੱਚ ਕਰੀਬ 442 ਕਰੋੜ ਰੁਪਏ ਦੀਆਂ ਚੱਲ ਅਤੇ ਅਚੱਲ ਜਾਇਦਾਦਾਂ ਨੂੰ ਅਸਥਾਈ ਤੌਰ 'ਤੇ ਜ਼ਬਤ ਕਰ ਲਿਆ ਏ।

- ਏਸ਼ੀਆਈ ਖੇਡਾਂ ਵਿੱਚ, ਭਾਰਤ ਦੀ ਐਂਸੀ ਸੋਜਨ ਐਡਾਪਿੱਲੀ ਨੇ ਔਰਤਾਂ ਦੀ ਲੰਮੀ ਛਾਲ ਵਿੱਚ ਅਤੇ ਸਰਵੇਸ਼ ਕੁਸ਼ਾਰੇ ਨੇ ਮਰਦਾਂ ਦੀ ਉੱਚੀ ਛਾਲ ਵਿੱਚ ਚਾਂਦੀ ਦਾ ਤਮਗਾ ਜਿੱਤਿਆ ਏ।

***ਹੁਣ ਖਬਰਾਂ ਵਿਸਥਾਰ ਨਾਲ***

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਪਾਕਿਸਤਾਨ ਵਿੱਚ ਦਹਿਸ਼ਤਗਰਦ ਟਿਕਾਣਿਆਂ 'ਤੇ ਫੌਜ ਦੀ ਸਰਜੀਕਲ ਸਟ੍ਰਾਈਕ ਨੇ ਦੁਨੀਆ ਦੇ ਸਾਹਮਣੇ ਭਾਰਤ ਦੀ ਦਹਿਸ਼ਤਗਰਦੀ ਵਿਰੋਧੀ ਨੀਤੀ ਦੀ

ਇੱਕ ਨਵੀਂ ਮਿਸਾਲ ਪੇਸ਼ ਕੀਤੀ ਏ। ਆਕਾਸ਼ਵਾਣੀ 'ਤੇ ਆਪਣੇ "ਮਨ ਕੀ ਬਾਤ" ਪ੍ਰੋਗਰਾਮ ਵਿੱਚ, ਉਨ੍ਹਾਂ ਕਿਹਾ ਕਿ ਦੇਸ਼ ਭਲਕੇ, 28 ਸਤੰਬਰ ਨੂੰ ਇਸ ਸਟ੍ਰਾਈਕ ਦੀ ਦਸਵੀਂ ਵਰ੍ਹੇਗੰਢ ਮਨਾਏਗਾ। ਸ਼੍ਰੀ ਮੋਦੀ ਨੇ ਕਿਹਾ ਕਿ ਦੁਨੀਆ ਇਹ ਦੇਖ ਕੇ ਹੈਰਾਨ ਏ ਕਿ ਕਿਵੇਂ ਬਹਾਦਰ ਭਾਰਤੀ ਫੌਜੀਆਂ ਨੇ ਦਹਿਸ਼ਤਗਰਦੀ ਵਿਰੁੱਧ ਸਰਜੀਕਲ ਸਟ੍ਰਾਈਕ ਕਰਨ ਲਈ ਕੰਟਰੋਲ ਰੇਖਾ ਪਾਰ ਕੀਤੀ ਸੀ -

**BYTE: PM SURGICAL STRIKE**

ਪ੍ਰਧਾਨ ਮੰਤਰੀ ਨੇ ਇਹ ਵੀ ਕਿਹਾ ਕਿ ਹਾਲ ਹੀ ਵਿੱਚ ਦੇਸ਼ ਭਰ ਵਿੱਚ ਨਸ਼ਾ ਮੁਕਤ ਯੁਵਾ ਮੁਹਿੰਮ ਸ਼ੁਰੂ ਹੋਈ ਏ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਸਾਰਿਆਂ ਨੂੰ ਨਸ਼ਾ ਮੁਕਤ ਨੌਜਵਾਨ ਅਤੇ ਵਿਕਸਿਤ ਭਾਰਤ ਦੇ ਅਹਿਦ ਨੂੰ ਅੱਗੇ ਵਧਾਉਣ ਲਈ ਰਲ ਕੇ ਕੰਮ ਕਰਨਾ ਚਾਹੀਦਾ ਏ -

**BYTE: PM NASHA MUKT**

ਪ੍ਰਧਾਨ ਮੰਤਰੀ ਨੇ ਖਾਸ ਤੌਰ ‘ਤੇ ਪੰਜਾਬ ਦੇ ਓਲੰਪੀਅਨ ਰਾਜਿੰਦਰ ਸਿੰਘ ਦੀ ਸ਼ਲਾਘਾ ਕੀਤੀ, ਜੋ 'Round Glass Hockey Academy' ਰਾਹੀਂ ਖੇਡ ਪ੍ਰਤੀ ਆਪਣੇ ਸਮਰਪਣ ਨੂੰ ਅੱਗੇ ਵਧਾ ਰਹੇ ਨੇ। ਪ੍ਰਧਾਨ ਮੰਤਰੀ ਨੇ ਕਿਹਾ ਕਿ ਸੁਤੰਤਰਤਾ ਦਿਵਸ 'ਤੇ ਲਾਲ ਕਿਲ੍ਹੇ ਤੋਂ ਉਨ੍ਹਾਂ ਨੇ ਪਿੰਡਾਂ ਅਤੇ ਕਸਬਿਆਂ ਤੱਕ ਪਹੁੰਚ ਕੇ, ਹੁਨਰਮੰਦ ਖਿਡਾਰੀਆਂ ਦੀ ਪਛਾਣ ਕਰਨ ਦੀ ਗੱਲ ਕਹੀ ਸੀ। ਰਾਜਿੰਦਰ ਸਿੰਘ ਪੰਜਾਬ ਵਿੱਚ, ਇਸੇ ਦਿਸ਼ਾ ਵਿੱਚ ਕੰਮ ਕਰ ਰਹੇ ਨੇ-

**BYTE: PM ROUND GLASS HOCKEY**

ਆਕਾਸ਼ਵਾਣੀ ਨਾਲ ਗੱਲਬਾਤ ਕਰਦਿਆਂ, ਓਲੰਪੀਅਨ ਰਾਜਿੰਦਰ ਸਿੰਘ ਨੇ ਪ੍ਰਧਾਨ ਮੰਤਰੀ ਦਾ ਉਨ੍ਹਾਂ ਦੇ ਪ੍ਰੇਰਨਾਦਾਇਕ ਸ਼ਬਦਾਂ ਲਈ ਧੰਨਵਾਦ ਪ੍ਰਗਟ ਕੀਤਾ -

**BYTE: RAJINDER SINGH**

---------------------------------------------------------------

ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਅੱਜ ਕਿਹਾ ਏ ਕਿ ਭਾਰਤ ਕਿਸੇ ਹੋਰ ਦੇਸ਼ ਦੇ ਇਲਾਕੇ 'ਤੇ ਕਬਜ਼ਾ ਨਹੀਂ ਕਰਨਾ ਚਾਹੁੰਦਾ, ਪਰ ਕਿਸੇ ਖ਼ਤਰੇ ਦੀ ਸਥਿਤੀ ਵਿੱਚ ਆਪਣੀ ਸੁਰੱਖਿਆ ਅਤੇ ਰਣਨੀਤਕ ਖੁਦਮੁਖਤਿਆਰੀ ਦੀ ਰਾਖੀ ਕਰੇਗਾ। ਨਵੀਂ ਦਿੱਲੀ ਵਿੱਚ ਇੱਕ ਮੀਡੀਆ ਅਦਾਰੇ ਵਲੋਂ ਕਰਾਈ ਗਈ ਇੱਕ ਰੱਖਿਆ ਕਾਨਫਰੰਸ ਨੂੰ ਸੰਬੋਧਨ ਕਰਦਿਆਂ, ਰੱਖਿਆ ਮੰਤਰੀ ਨੇ ਕਿਹਾ ਕਿ ਭਾਰਤ ਆਲਮੀ ਸਥਿਰਤਾ ਅਤੇ ਸ਼ਾਂਤੀ ਦੀ ਹਮਾਇਤ ਕਰਦਾ ਏ, ਪਰ ਆਪਣੀ ਰਾਸ਼ਟਰੀ ਸੁਰੱਖਿਆ ਅਤੇ ਰਣਨੀਤਕ ਖੁਦਮੁਖਤਿਆਰੀ ਨਾਲ ਸਮਝੌਤਾ ਨਹੀਂ ਕਰੇਗਾ। ਸ੍ਰੀ ਸਿੰਘ ਨੇ ਕਿਹਾ ਕਿ ਭਾਰਤ ਖਿਲਾਫ਼ ਦਹਿਸ਼ਤਗਰਦੀ ਨੂੰ ਉਤਸ਼ਾਹਿਤ ਕਰਨ ਵਾਲੇ ਕਿਸੇ ਵੀ ਦੇਸ਼ ਨਾਲ ਗੱਲਬਾਤ ਦੀ ਕੋਈ ਗੁੰਜਾਇਸ਼ ਨਹੀਂ ਏ –

**BYTE: RAJNATH SINGH**

ਉਨ੍ਹਾਂ ਕਿਹਾ ਕਿ ਜੇਕਰ ਕੋਈ ਗੁਆਂਢੀ ਦੇਸ਼ ਦਹਿਸ਼ਤਗਰਦੀ ਦੀ ਹਮਾਇਤ ਜਾਰੀ ਰੱਖਦਾ ਏ, ਤਾਂ ਭਾਰਤ ਨੂੰ ਆਪਣੀ ਸੁਰੱਖਿਆ ਅਤੇ ਪ੍ਰਭੂਸੱਤਾ ਦੀ ਰਾਖੀ ਲਈ ਸਾਰੇ ਜ਼ਰੂਰੀ ਕਦਮ ਚੁੱਕਣ ਦਾ ਪੂਰਾ ਅਧਿਕਾਰ ਏ। ਰਾਸ਼ਟਰੀ ਏਕਤਾ ਨੂੰ ਰਾਸ਼ਟਰੀ ਸੁਰੱਖਿਆ ਦਾ ਮੁੱਖ ਥੰਮ੍ਹ ਦੱਸਦਿਆਂ, ਸ਼੍ਰੀ ਸਿੰਘ ਨੇ ਕਿਹਾ ਕਿ ਦੇਸ਼ ਦੀ ਸੁਰੱਖਿਆ ਸਿਰਫ ਹਥਿਆਰਬੰਦ ਬਲਾਂ ਦੀ ਹੀ ਨਹੀਂ, ਸਗੋਂ ਹਰੇਕ ਨਾਗਰਿਕ ਦੀ ਸਮੂਹਿਕ ਜ਼ਿੰਮੇਵਾਰੀ ਏ। ਉਨ੍ਹਾਂ ਨਾਗਰਿਕਾਂ ਨੂੰ ਧਰਮ, ਜਾਤ, ਭਾਸ਼ਾ, ਖੇਤਰ ਅਤੇ ਹੋਰ ਪਛਾਣਾਂ ਦੇ ਅਧਾਰ 'ਤੇ ਵੰਡਾਂ ਅਤੇ ਨਿੱਜੀ ਹਿੱਤਾਂ ਤੋਂ ਉੱਪਰ ਉੱਠਣ ਅਤੇ ਰਾਸ਼ਟਰੀ ਹਿੱਤ ਨੂੰ ਪਹਿਲ ਦੇਣ ਦੀ ਅਪੀਲ ਕੀਤੀ।

---------------------------------------------------------------

ਉਪ ਰਾਸ਼ਟਰਪਤੀ ਸੀ. ਪੀ. ਰਾਧਾਕ੍ਰਿਸ਼ਨਨ ਨੇ ਕਿਹਾ ਏ ਕਿ ਤਕਨੌਲਜੀ ਇੱਕ ਮੈਡੀਕਲ ਡਾਕਟਰ ਦੇ ਮਨੁੱਖੀ ਅਹਿਸਾਸ ਦੀ ਥਾਂ ਨਹੀਂ ਲੈ ਸਕਦੀ। ਉਨ੍ਹਾਂ ਨੇ ਏਆਈ ਅਤੇ ਡਿਜੀਟਲ ਸਿਹਤ ਵਿੱਚ ਤੇਜ਼ ਤਰੱਕੀ ਦੇ ਯੁੱਗ ਵਿੱਚ ਡਾਕਟਰਾਂ ਵਿੱਚ ਹਮਦਰਦੀ ਦੀ ਮਹੱਤਤਾ 'ਤੇ ਜ਼ੋਰ ਦਿੱਤਾ।

ਸ਼੍ਰੀ ਰਾਧਾਕ੍ਰਿਸ਼ਨਨ ਅੱਜ ਤਿਰੂਵਨੰਤਪੁਰਮ ਵਿੱਚ ਐਸ.ਯੂ.ਟੀ ਅਕੈਡਮੀ ਆਫ਼ ਮੈਡੀਕਲ ਸਾਇੰਸਜ਼ ਦੇ ਗ੍ਰੈਜੂਏਸ਼ਨ ਸਮਾਰੋਹ ਨੂੰ ਸੰਬੋਧਨ ਕਰ ਰਹੇ ਸਨ। ਉਨ੍ਹਾਂ ਨੌਜਵਾਨ ਡਾਕਟਰਾਂ ਨੂੰ ਆਪਣੇ ਸੰਚਾਰ ਵਿੱਚ ਸਪੱਸ਼ਟ ਅਤੇ ਸਟੀਕ ਹੋਣ ਦੀ ਅਪੀਲ ਕੀਤੀ।

ਉਪ ਰਾਸ਼ਟਰਪਤੀ ਨੇ ਦੱਸਿਆ ਕਿ ਵਿਕਸਿਤ ਭਾਰਤ ਸਿਰਫ ਤਾਂ ਹੀ ਪ੍ਰਾਪਤ ਕੀਤਾ ਜਾ ਸਕਦਾ ਏ ਜਦੋਂ ਹਰ ਪਿੰਡ ਵਿਕਸਿਤ ਕੀਤਾ ਜਾਵੇ।

--------------------------------------------------

ਗ੍ਰਹਿ ਅਤੇ ਸਹਿਕਾਰਤਾ ਮੰਤਰੀ ਅਮਿਤ ਸ਼ਾਹ ਨੇ ਅੱਜ ਗੁਜਰਾਤ ਦੇ ਸਾਬਰਮਤੀ ਵਿੱਚ 1500 ਕਰੋੜ ਰੁਪਏ ਤੋਂ ਵੱਧ ਦੇ ਰੇਲ ਵਿਕਾਸ ਪ੍ਰੋਜੈਕਟਾਂ ਦਾ ਉਦਘਾਟਨ ਕੀਤਾ, ਨੀਂਹ ਪੱਥਰ ਰੱਖਿਆ ਅਤੇ ਸ਼ੁਰੂਆਤ ਕੀਤੀ। ਉਨ੍ਹਾਂ ਨੇ ਮੁੱਖ ਮੰਤਰੀ ਭੂਪੇਂਦਰ ਪਟੇਲ ਦੇ ਨਾਲ ਸਾਬਰਮਤੀ ਸਟੇਸ਼ਨ ਤੋਂ ਦੇਸ਼ ਦੀ ਪਹਿਲੀ LNG-ਸੰਚਾਲਿਤ ਰੇਲਗੱਡੀ ਨੂੰ ਹਰੀ ਝੰਡੀ ਵੀ ਦਿਖਾਈ।

ਦੇਸ਼ ਦੀ ਪਹਿਲੀ LNG-ਸੰਚਾਲਿਤ ਰੇਲਗੱਡੀ ਡੀਜ਼ਲ-LNG ਦੋਹਰੇ-ਈਂਧਨ ਪ੍ਰਣਾਲੀ ਦੀ ਵਰਤੋਂ ਕਰਦੀ ਏ। ਇਸ ਵਿੱਚ 1400 ਹਾਰਸਪਾਵਰ ਵਾਲੀਆਂ ਦੋ ਡਰਾਈਵਿੰਗ ਪਾਵਰ ਕਾਰ ਨੇ, ਜੋ ਰਵਾਇਤੀ ਡੀਜ਼ਲ ਦੀ ਖਪਤ ਨੂੰ ਕਰੀਬ 40 ਫੀਸਦੀ ਘਟਾ ਸਕਦੀਆਂ ਨੇ. ਇਸ ਰੇਲਗੱਡੀ ਦੀ ਸ਼ੁਰੂਆਤ ਭਾਰਤ ਦੀ ਚੁਗਿਰਦੇ ਪਖੀ ਆਵਾਜਾਈ ਅਤੇ ਜ਼ੀਰੋ ਕਾਰਬਨ ਨਿਕਾਸੀ ਹਾਸਿਲ ਕਰਨ ਵਿੱਚ ਇੱਕ ਵੱਡੀ ਪ੍ਰਾਪਤੀ ਏ।

ਇਸ ਮੌਕੇ 'ਤੇ ਇੱਕ ਜਨਤਕ ਮੀਟਿੰਗ ਵਿੱਚ, ਗ੍ਰਹਿ ਮੰਤਰੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀ ਅਗਵਾਈ ਹੇਠ, ਭਾਰਤੀ ਰੇਲਵੇ ਵਿੱਚ ਪਿਛਲੇ 12 ਸਾਲਾਂ ਵਿੱਚ ਵੱਡੀ ਤਬਦੀਲੀ ਆਈ ਏ । ਸ਼੍ਰੀ ਸ਼ਾਹ ਨੇ ਕਿਹਾ

ਕਿ ਰੇਲਵੇ ਵਿੱਚ ਸਾਲਾਨਾ ਡੀਜ਼ਲ ਦੀ ਖਪਤ 293 ਕਰੋੜ ਲੀਟਰ ਤੋਂ ਘਟ ਕੇ 108 ਕਰੋੜ ਲੀਟਰ ਹੋ ਗਈ ਏ, ਅਤੇ ਇਸਨੂੰ ਪੂਰੀ ਤਰ੍ਹਾਂ ਖਤਮ ਕਰਨ ਦੇ ਯਤਨ ਜਾਰੀ ਨੇ-

**BYTE: AMIT SHAH**

---------------------------------------------------------

ਵਿਦੇਸ਼ ਮੰਤਰੀ ਡਾ. ਐਸ. ਜੈਸ਼ੰਕਰ ਨੇ ਕਿਹਾ ਏ ਕਿ ਭਾਰਤ ਅਤੇ ਕੈਨੇਡਾ ਆਪਣੇ ਦੁਵੱਲੇ ਸਬੰਧਾਂ ਨੂੰ ਉਚੇਰੇ ਪੱਧਰ 'ਤੇ ਲੈ ਜਾਣ ਦੀ ਤਿਆਰੀ ਕਰ ਰਹੇ ਨੇ. ਉਨ੍ਹਾਂ ਨੇ ਨਿਊਯਾਰਕ ਵਿੱਚ ਸੰਯੁਕਤ ਰਾਸ਼ਟਰ ਮਹਾਸਭਾ ਦੇ ਮੌਕੇ 'ਤੇ ਕੈਨੇਡਾ ਦੇ ਵਿਦੇਸ਼ ਮੰਤਰੀ ਅਨੀਤਾ ਆਨੰਦ ਨਾਲ ਮੁਲਾਕਾਤ ਕੀਤੀ. X 'ਤੇ ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਡਾ. ਜੈਸ਼ੰਕਰ ਨੇ ਚਰਚਾ ਨੂੰ ਬੇਹਦ ਲਾਭਕਾਰੀ ਦੱਸਿਆ, ਅਤੇ ਕਿਹਾ ਕਿ ਦੋਵੇਂ ਦੇਸ਼ ਸਬੰਧਾਂ ਨੂੰ ਮਜ਼ਬੂਤ ਕਰਨ ਲਈ ਕੰਮ ਕਰ ਰਹੇ ਨੇ।

---------------------------------------------------------

ਇਨਫੋਰਸਮੈਂਟ ਡਾਇਰੈਕਟੋਰੇਟ (ਈਡੀ) ਨੇ ਰੰਮੀ ਕਲਚਰ ਐਪ ਅਤੇ ਹੋਰਾਂ ਦੇ ਸੰਬੰਧ ਵਿੱਚ ਕਰੀਬ 442 ਕਰੋੜ ਰੁਪਏ ਦੀਆਂ ਚੱਲ ਅਤੇ ਅਚੱਲ ਜਾਇਦਾਦਾਂ ਨੂੰ ਅਸਥਾਈ ਤੌਰ 'ਤੇ ਜ਼ਬਤ ਕਰ ਲਿਆ ਏ। ਇਹ

ਕਾਰਵਾਈ ਪੈਸੇ ਦੇ ਹਵਾਲਾ ਲੈਣ ਦੀ ਰੋਕਥਾਮ ਤਹਿਤ ਕੀਤੀ ਗਈ ਸੀ। ਡਾਇਰੈਕਟੋਰੇਟ ਨੇ ਕਿਹਾ ਕਿ ਜ਼ਬਤ ਕੀਤੀਆਂ ਜਾਇਦਾਦਾਂ ਵਿੱਚ ਫਿਕਸਡ ਡਿਪਾਜ਼ਿਟ, ਵਪਾਰਕ ਦੁਕਾਨਾਂ, ਇੱਕ ਵਿਲਾ ਅਤੇ ਕਈ ਰਿਹਾਇਸ਼ੀ ਜਾਇਦਾਦਾਂ ਸ਼ਾਮਿਲ ਨੇ. ਇਹ ਜਾਇਦਾਦਾਂ ਗੇਮਸਕ੍ਰਾ-ਫਟ ਟੈਕਨਾਲੋਜੀਜ਼ ਪ੍ਰਾਈਵੇਟ ਲਿਮਟਿਡ ਨਾਲ ਜੁੜ੍ਹੇ ਵਿਅਕਤੀਆਂ ਅਤੇ ਸੰਸਥਾਵਾਂ ਦੇ ਨਾਂ 'ਤੇ ਸਨ।

------------------------------------------------------

ਜਪਾਨ ਵਿੱਚ 2026 ਏਸ਼ੀਆਈ ਖੇਡਾਂ ਵਿੱਚ, ਭਾਰਤ ਦੀ ਐਂਸੀ ਸੋਜਨ ਐਡਾਪਿੱਲੀ ਨੇ ਔਰਤਾਂ ਦੀ ਲੰਮੀ ਛਾਲ ਵਿੱਚ ਚਾਂਦੀ ਦਾ ਤਮਗਾ ਜਿੱਤਿਆ ਏ। ਮਰਦਾਂ ਦੀ ਉੱਚੀ ਛਾਲ ਵਿੱਚ, ਭਾਰਤ ਦੇ ਸਰਵੇਸ਼ ਕੁਸ਼ਾਰੇ ਨੇ ਚਾਂਦੀ ਦਾ ਤਮਗਾ ਜਿੱਤਿਆ।

ਭਾਰਤ ਇਸ ਸਮੇਂ ਤਮਗਾ ਸੂਚੀ ਵਿੱਚ 12ਵੇਂ ਸਥਾਨ 'ਤੇ ਏ. ਰਾਸ਼ਟਰਪਤੀ ਦ੍ਰੌਪਦੀ ਮੁਰਮੂ ਨੇ ਸਾਰੇ ਤਮਗਾ ਜੇਤੂਆਂ ਨੂੰ ਵਧਾਈ ਦਿੱਤੀ ਏ।

------------------------------------------------------

ਕ੍ਰਿਕੇਟ ਵਿੱਚ, ਵੈਸਟਇੰਡੀਜ਼ ਨੇ ਤਿਰੂਵਨੰਤਪੁਰਮ ਵਿੱਚ ਤਿੰਨ ਇੱਕ ਰੋਜ਼ਾ

ਮੈਚਾਂ ਦੇ ਪਹਿਲੇ ਮੈਚ ਵਿੱਚ, ਭਾਰਤ ਸਾਹਮਣੇ ਜਿੱਤ ਲਈ 296 ਦੌੜਾਂ ਦਾ ਟੀਚਾ ਰੱਖਿਆ ਏ। ਆਖਰੀ ਖਬਰਾਂ ਮਿਲਣ ਸਮੇਂ ਤੱਕ ਭਾਰਤ ਨੇ 31 ਓਵਰਾਂ ਵਿੱਚ ਇੱਕ ਵਿਕਟ ਦੇ ਨੁਕਸਾਨ 'ਤੇ 202 ਦੌੜਾਂ ਬਣਾ ਲਈਆਂ ਸਨ।

---

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ "ਮਨ ਕੀ ਬਾਤ" ਪ੍ਰੋਗਰਾਮ ਵਿੱਚ, ਸਰਜੀਕਲ ਸਟ੍ਰਾਈਕ ਅਤੇ ਆਪ੍ਰੇਸ਼ਨ ਸਿੰਦੂਰ ਨੂੰ ਭਾਰਤ ਦੀ ਦਹਿਸ਼ਤਗਰਦੀ ਵਿਰੋਧੀ ਨੀਤੀ ਦੀ ਇੱਕ ਨਵੀਂ ਮਿਸਾਲ ਦੱਸਿਆ. ਕਿਹਾ ਕਿ ਅੱਗੇ ਵੀ ਦਹਿਸ਼ਤਗਰਦ ਹਮਲਿਆਂ ਦਾ ਜ਼ੋਰਦਾਰ ਜਵਾਬ ਦਿੱਤਾ ਜਾਵੇਗਾ।

- ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਕਿਹਾ ਏ ਕਿ ਭਾਰਤ ਕਿਸੇ ਹੋਰ ਦੇਸ਼ ਦੇ ਇਲਾਕੇ 'ਤੇ ਕਬਜ਼ਾ ਨਹੀਂ ਕਰਨਾ ਚਾਹੁੰਦਾ, ਪਰ ਕਿਸੇ ਖ਼ਤਰੇ ਦੀ ਸਥਿਤੀ ਵਿੱਚ ਆਪਣੀ ਸੁਰੱਖਿਆ ਅਤੇ ਰਣਨੀਤਕ ਖੁਦਮੁਖਤਿਆਰੀ ਦੀ ਰਾਖੀ ਕਰੇਗਾ।

- ਗ੍ਰਹਿ ਅਤੇ ਸਹਿਕਾਰਤਾ ਮੰਤਰੀ ਅਮਿਤ ਸ਼ਾਹ ਨੇ ਅੱਜ ਗੁਜਰਾਤ ਦੇ ਸਾਬਰਮਤੀ ਸਟੇਸ਼ਨ ਤੋਂ ਦੇਸ਼ ਦੀ ਪਹਿਲੀ LNG-ਸੰਚਾਲਿਤ ਰੇਲਗੱਡੀ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ।

- ਇਨਫੋਰਸਮੈਂਟ ਡਾਇਰੈਕਟੋਰੇਟ (ਈਡੀ) ਨੇ ਰੰਮੀ ਕਲਚਰ ਐਪ ਅਤੇ ਹੋਰਾਂ ਦੇ ਸੰਬੰਧ ਵਿੱਚ ਕਰੀਬ 442 ਕਰੋੜ ਰੁਪਏ ਦੀਆਂ ਚੱਲ ਅਤੇ ਅਚੱਲ ਜਾਇਦਾਦਾਂ ਨੂੰ ਅਸਥਾਈ ਤੌਰ 'ਤੇ ਜ਼ਬਤ ਕਰ ਲਿਆ ਏ।

- ਏਸ਼ੀਆਈ ਖੇਡਾਂ ਵਿੱਚ, ਭਾਰਤ ਦੀ ਐਂਸੀ ਸੋਜਨ ਐਡਾਪਿੱਲੀ ਨੇ ਔਰਤਾਂ ਦੀ ਲੰਮੀ ਛਾਲ ਵਿੱਚ ਅਤੇ ਸਰਵੇਸ਼ ਕੁਸ਼ਾਰੇ ਨੇ ਮਰਦਾਂ ਦੀ ਉੱਚੀ ਛਾਲ ਵਿੱਚ ਚਾਂਦੀ ਦਾ ਤਮਗਾ ਜਿੱਤਿਆ ਏ।

---

**ਇਸਦੇ ਨਾਲ ਹੀ ਸਾਡਾ ਇਹ ਬੁਲੇਟਿਨ ਖਤਮ ਹੁੰਦਾ ਏ, ਸਾਡਾ ਅਗਲਾ ਰਾਸ਼ਟਰੀ ਖਬਰਾਂ ਦਾ ਬੁਲੇਟਿਨ ਰਾਤੀਂ ਸਾਢੇ 8 ਵਜੇ ਹੋਏਗਾ. ਨਮਸਕਾਰ!**